ਪੰਜਾਬ ਸਰਕਾਰ
ਸਕੂਲ ਸਿੱਖਿਆ ਵਿਭਾਗ

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿੱ./ਐ.ਸਿੱ.)
ਪੰਜਾਬ।

ਮੀਮੋ ਨੰਬਰ: AO(6)/SSE/2021/2021295022 ਮਿਤੀ: 01.09.2021

**ਵਿਸ਼ਾ: ਨੈਸ਼ਨਲ ਅਚੀਵਮੈਂਟ ਸਰਵੇ (NAS)-2021 ਦੀ ਪ੍ਰੀਖਿਆ ਸਬੰਧੀ।**

1.0 ਜਿਵੇਂ ਕਿ ਆਪ ਜੀ ਨੂੰ ਪਤਾ ਹੀ ਹੈ ਕਿ 12 ਨਵੰਬਰ 2021 ਨੂੰ ਭਾਰਤ ਸਰਕਾਰ ਵਲੋਂ ਸਮੁੱਚੇ ਰਾਜਾਂ ਅਤੇ ਕੇਂਦਰੀ ਸਾਸ਼ਤ ਪ੍ਰਦੇਸ਼ਾਂ ਵਿੱਚ ਨੈਸ਼ਨਲ ਅਚੀਵਮੈਂਟ ਸਰਵੇ (NAS) ਸਬੰਧੀ ਪ੍ਰੀਖਿਆ ਕਰਵਾਈ ਜਾ ਰਹੀ ਹੈ ਅਤੇ ਇਸ ਪ੍ਰੀਖਿਆ ਵਿੱਚ ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀਆਂ ਵਲੋਂ ਵੀ ਭਾਗ ਲਿਆ ਜਾਣਾ ਹੈ, ਇਸ ਲਈ ਸਮੂਹ ਜ਼ਿਲ੍ਹਾ ਸਿੱਖਿਆ ਅਫਸਰਾਂ ਨੂੰ ਲਿਖਿਆ ਜਾਂਦਾ ਹੈ ਕਿ:

1.1 ਆਪ ਜੀ ਵਲੋਂ ਜ਼ਿਲ੍ਹੇ ਦੇ ਸਮੂਹ ਪ੍ਰਾਈਵੇਟ ਸਕੂਲਾਂ ਨੂੰ ਹਦਾਇਤ ਕੀਤੀ ਜਾਵੇ ਕਿ ਉਹ ਨੈਸ਼ਨਲ ਅਚੀਵਮੈਂਟ ਸਰਵੇ (NAS) ਸਬੰਧੀ ਪ੍ਰੀਖਿਆ ਦੀ ਤਿਆਰੀ ਵਿੱਚ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਅਭਿਆਸ ਕਰਵਾ ਕੇ ਸਹਿਯੋਗ ਦੇਣ।

1.2 ਸਮੂਹ ਜ਼ਿਲ੍ਹਾ ਸਿੱਖਿਆ ਅਫਸਰਾਂ ਵਲੋਂ ਆਪਣੇ ਜ਼ਿਲ੍ਹੇ ਦੇ ਪ੍ਰਾਈਵੇਟ ਸਕੂਲਾਂ ਦੇ ਮੁੱਖੀਆਂ ਨਾਲ ਨੈਸ਼ਨਲ ਅਚੀਵਮੈਂਟ ਸਰਵੇ (NAS) ਸਬੰਧੀ ਮੀਟਿੰਗਾਂ ਕੀਤੀਆਂ ਜਾਣ ਤਾਂ ਜੋ ਉਨ੍ਹਾਂ ਨੂੰ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਅਭਿਆਸ ਕਰਵਾਉਣ ਲਈ ਉਤਸ਼ਾਹਿਤ ਕੀਤਾ ਜਾ ਸਕੇ।

1.3 ਸਮੂਹ ਜ਼ਿਲ੍ਹਾ ਸਿੱਖਿਆ ਅਫਸਰਾਂ ਵਲੋਂ ਆਪਣੇ ਜ਼ਿਲ੍ਹੇ ਦੇ ਪ੍ਰਾਈਵੇਟ ਸਕੂਲਾਂ ਦੇ ਮੁੱਖੀਆਂ ਅਤੇ ਉਨ੍ਹਾਂ ਦੇ ਸਕੂਲਾਂ ਦੇ ਅਧਿਆਪਕਾਂ ਦੀ ਬਤੌਰ ਰਿਸੋਰਸ ਪਰਸ਼ਨਜ਼ ਨੈਸ਼ਨਲ ਅਚੀਵਮੈਂਟ ਸਰਵੇ (NAS) ਸਬੰਧੀ ਪ੍ਰੀਖਿਆ ਦੇ ਵੱਖ- ਵੱਖ ਪਹਿਲੂਆਂ (ਜਿਵੇਂ ਕਿ ਵਿਦਿਆਰਥੀਆਂ ਨੂੰ ਪ੍ਰੀਖਿਆ ਵਿੱਚ ਕਿਸ ਤਰ੍ਹਾਂ ਦੇ ਪ੍ਰਸ਼ਨ ਪੁੱਛੇ ਜਾਣਗੇ ਅਤੇ ਉਨ੍ਹਾਂ ਪ੍ਰਸ਼ਨਾਂ ਦਾ ਅਭਿਆਸ ਕਿਵੇਂ ਕਰਵਾਇਆ ਜਾਣਾ ਹੈ ਆਦਿ) ਸਬੰਧੀ ਟ੍ਰੇਨਿੰਗਾਂ ਕਰਵਾਈਆਂ ਜਾਣ ਤਾਂ ਜੋ ਉਹ ਪ੍ਰਾਇਵੇਟ ਸਕੂਲਾਂ ਦੇ ਸਾਰੇ ਅਧਿਆਪਕਾਂ ਦੀ ਟ੍ਰੇਨਿੰਗ ਕਰਵਾਉਣ ਅਤੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਅਭਿਆਸ ਕਰਵਾਉਣ ਲਈ ਅਧਿਆਪਕਾਂ ਨੂੰ ਉਤਸ਼ਾਹਿਤ ਕਰ ਸਕਣ।

ਸਕੱਤਰ ਸਕੂਲ ਸਿੱਖਿਆ